ਮਲਾਰ ਮਹਲਾ ੪ ॥ ਤਿਸੁ ਜਨ ਕਉ ਹਰਿ ਮੀਠ ਲਗਾਨਾ ਜਿਸੁ ਹਰਿ ਹਰਿ ਕ੍ਰਿਪਾ ਕਰੈ ॥ ਤਿਸ ਕੀ ਭੂਖ ਦੂਖ ਸਭਿ ਉਤਰੈ ਜੋ ਹਰਿ ਗੁਣ ਹਰਿ ਉਚਰੈ ॥੧॥ ਜਪਿ ਮਨ ਹਰਿ ਹਰਿ ਹਰਿ ਨਿਸਤਰੈ ॥ ਗੁਰ ਕੇ ਬਚਨ ਕਰਨ ਸੁਨਿ ਧਿਆਵੈ ਭਵ ਸਾਗਰੁ ਪਾਰਿ ਪ ਰੈ ॥੧॥ ਰਹਾਉ ॥ ਤਿਸੁ ਜਨ ਕੇ ਹਮ ਹਾਟਿ ਬਿਹਾਝੇ ਜਿਸੁ ਹਰਿ ਹਰਿ ਕ੍ਰਿਪਾ ਕਰੈ ॥ ਹਰਿ ਜਨ ਕਉ ਮਿਲਿਆਂ ਸੁਖੁ ਪਾਈਐ ਸਭ ਦੁਰਮਤਿ ਮੈਲੁ ਹਰੈ ॥੨॥ ਹਰਿ ਜਨ ਕਉ ਹਰਿ ਭੂਖ ਲਗਾਨੀ ਜਨੁ ਤ੍ਰਿਪਤੈ ਜਾ ਹਰਿ ਗੁਨ ਬਿਚਰੈ ॥ ਹਰਿ ਕਾ ਜਨੁ ਹਰਿ ਜਲ ਕਾ ਮੀਨਾ ਹਰਿ ਬਿਸਰਤ ਫੂਟਿ ਮਰੈ ॥੩॥ ਜਿਨਿ ਏਹ ਪ੍ਰੀਤਿ ਲਾਈ ਸੋ ਜਾਨੈ ਕੈ ਜਾਨੈ ਜਿਸੁ ਮਨਿ ਧਰੈ ॥ ਜਨੁ ਨਾਨਕੁ ਹਰਿ ਦੇਖਿ ਸੁਖੁ ਪਾਵੈ ਸਭ ਤਨ ਕੀ ਭੂਖ ਟਰੈ ॥੪॥੩॥ {ਪੰਨਾ 1263}

ਪਦ ਅਰਥ:- ਕਉ—ਨੂੰ। ਮੀਠ—ਮਿੱਠਾ, ਪਿਆਰਾ। ਤਿਸ ਕੀ—(ਸੰਬੰਧਤ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ)। ਸਭਿ—ਸਾਰੇ। ਉਚਰੈ—ਉਚਾਰਦਾ ਹੈ।1।

ਮਨ—ਹੇ ਮਨ! ਨਿਸਤਰੈ—ਪਾਰ ਲੰਘ ਜਾਂਦਾ ਹੈ। ਕਰਨ—ਕੰਨਾਂ ਨਾਲ। ਸੁਨਿ—ਸੁਣ ਕੇ। ਭਵ ਸਾਗਰੁ—ਸੰਸਾਰ-ਸਮੁੰਦਰ।1। ਰਹਾਉ।

ਹਾਟਿ—ਹੱਟੀ ਉੱਤੇ। ਵਿਹਾਝੇ—ਖ਼ਰੀਦੇ ਹੋਏ, ਵਿਕੇ ਹੋਏ। ਹਾਟਿ ਵਿਹਾਝੇ—ਗ਼ੁਲਾਮ, ਮੁੱਲ-ਖ਼ਰੀਦੇ। ਪਾਈਐ—ਪਾ ਲਈਦਾ ਹੈ। ਸਭ ਮੈਲੁ—ਸਾਰੀ ਮੈਲ। ਹਰੈ—ਦੂਰ ਕਰ ਦੇਂਦਾ ਹੈ।2।

ਜਨੁ—ਸੇਵਕ। ਤ੍ਰਿਪਤੈ—ਰੱਜਦਾ ਹੈ। ਜਾ—ਜਦੋਂ। ਬਿਚਰੈ—ਵਿਚਾਰਦਾ ਹੈ, ਮਨ ਵਿਚ ਵਸਾਂਦਾ ਹੈ। ਮੀਨਾ—ਮੱਛੀ। ਫੂਟਿ ਮਰੈ—ਦੁਖੀ ਹੋ ਕੇ ਮਰ ਜਾਂਦਾ ਹੈ।3।

ਜਿਨਿ—ਜਿਸ (ਪਰਮਾਤਮਾ) ਨੇ। ਕੈ—ਜਾਂ। ਜਿਸੁ ਮਨਿ—ਜਿਸ (ਮਨੁੱਖ) ਦੇ ਮਨ ਵਿਚ। ਦੇਖਿ—ਵੇਖ ਕੇ। ਟਰੈ—ਟਲ ਜਾਂਦੀ ਹੈ, ਮੁੱਕ ਜਾਂਦੀ ਹੈ।4।

ਅਰਥ:- ਹੇ (ਮੇਰੇ) ਮਨ! ਸਦਾ ਹਰੀ ਦਾ ਨਾਮ ਜਪਿਆ ਕਰ, (ਜਿਹੜਾ ਮਨੁੱਖ ਜਪਦਾ ਹੈ, ਉਹ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ। (ਜਿਹੜਾ ਮਨੁੱਖ) ਗੁਰੂ ਦੇ ਬਚਨ ਕੰਨਾਂ ਨਾਲ ਸੁਣ ਕੇ (ਪਰਮਾਤਮਾ ਦਾ ਨਾਮ) ਸਿਮਰਦਾ ਹੈ, ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।1। ਰਹਾਉ।

ਹੇ ਭਾਈ! ਜਿਸ ਮਨੁੱਖ ਉੱਤੇ ਪਰਮਾਤਮਾ ਮਿਹਰ ਕਰਦਾ ਹੈ, ਉਸ ਮਨੁੱਖ ਨੂੰ ਪਰਮਾਤਮਾ (ਦਾ ਨਾਮ) ਪਿਆਰਾ ਲੱਗਦਾ ਹੈ। ਜਿਹੜਾ ਮਨੁੱਖ ਪ੍ਰਭੂ ਦੇ ਗੁਣ ਉਚਾਰਦਾ ਰਹਿੰਦਾ ਹੈ, ਉਸ ਦੀ (ਮਾਇਆ ਦੀ) ਭੁੱਖ ਦੂਰ ਹੋ ਜਾਂਦੀ ਹੈ, ਉਸ ਦੇ ਸਾਰੇ ਦੁੱਖ (ਦੂਰ ਹੋ ਜਾਂਦੇ ਹਨ)।1।

ਹੇ ਭਾਈ! ਜਿਸ ਸੇਵਕ ਉੱਤੇ ਪਰਮਾਤਮਾ ਮਿਹਰ ਕਰਦਾ ਹੈ, ਮੈਂ ਉਸ ਦਾ ਮੁੱਲ ਖ਼ਰੀਦਿਆ ਗ਼ੁਲਾਮ ਹਾਂ। ਪਰਮਾਤਮਾ ਦੇ ਸੇਵਕ ਨੂੰ ਮਿਲਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ (ਉਹ ਆਤਮਕ ਆਨੰਦ ਮਨੁੱਖ ਦੇ ਅੰਦਰੋਂ) ਖੋਟੀ ਮਤਿ ਦੀ ਸਾਰੀ ਮੈਲ ਦੂਰ ਕਰ ਦੇਂਦਾ ਹੈ।2।

ਹੇ ਭਾਈ! ਪਰਮਾਤਮਾ ਦੇ ਸੇਵਕ ਨੂੰ ਪਰਮਾਤਮਾ (ਦੇ ਨਾਮ) ਦੀ ਭੁੱਖ ਲੱਗੀ ਰਹਿੰਦੀ ਹੈ, ਜਦੋਂ ਉਹ ਪਰਮਾਤਮਾ ਦੇ ਗੁਣ ਮਨ ਵਿਚ ਵਸਾਂਦਾ ਹੈ, ਉਹ ਤ੍ਰਿਪਤ ਹੋ ਜਾਂਦਾ ਹੈ। ਹੇ ਭਾਈ! ਪਰਮਾਤਮਾ ਦਾ ਭਗਤ ਇਉਂ ਹੈ ਜਿਵੇਂ ਪਾਣੀ ਦੀ ਮੱਛੀ ਹੈ (ਪਾਣੀ ਤੋਂ ਵਿਛੁੜ ਕੇ ਮੱਛੀ ਤੜਫ ਕੇ ਮਰ ਜਾਂਦੀ ਹੈ, ਤਿਵੇਂ ਪਰਮਾਤਮਾ ਦਾ ਭਗਤ) ਹਰਿ-ਨਾਮ ਵਿਸਰਿਆਂ ਬਹੁਤ ਦੁਖੀ ਹੁੰਦਾ ਹੈ।3।

ਹੇ ਭਾਈ! ਜਿਸ (ਪਰਮਾਤਮਾ) ਨੇ (ਆਪਣੇ ਸੇਵਕ ਦੇ ਹਿਰਦੇ ਵਿਚ ਆਪਣਾ) ਪਿਆਰ ਪੈਦਾ ਕੀਤਾ ਹੁੰਦਾ ਹੈ (ਉਸ ਪਿਆਰ ਦੀ ਕਦਰ) ਉਹ (ਆਪ) ਜਾਣਦਾ ਹੈ, ਜਾਂ (ਉਹ ਸੇਵਕ) ਜਾਣਦਾ ਹੈ ਜਿਸ ਦੇ ਮਨ ਵਿਚ (ਪਰਮਾਤਮਾ

ਆਪਣਾ ਪਿਆਰ) ਟਿਕਾਂਦਾ ਹੈ। ਦਾਸ ਨਾਨਕ ਉਸ ਪ੍ਰਭੂ ਦਾ ਦਰਸਨ ਕਰ ਕੇ ਆਤਮਕ ਆਨੰਦ ਹਾਸਲ ਕਰਦਾ ਹੈ (ਇਸ ਆਨੰਦ ਦੀ ਬਰਕਤਿ ਨਾਲ ਨਾਨਕ ਦੇ) ਸਰੀਰ ਦੀ ਸਾਰੀ (ਮਾਇਕ) ਭੁੱਖ ਦੂਰ ਹੋ ਜਾਂਦੀ ਹੈ।4।3।